Punjab Government Gazette

Published by Authority

No. 33] CHANDIGARH, FRIDAY, AUGUST 15, 2025 (SRAVANA 24, 1947 SAKA)

PART I

Punjab Government Notifications and Orders

ਪੰਜਾਬ ਸਰਕਾਰ

ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ

(ਇਮਾਰਤਾਂ ਤੇ ਸੜਕਾਂ-2 ਸ਼ਾਖਾ)

ਦਫ਼ਤਰੀ ਹੁਕਮ

ਮਿਤੀ 28 ਮਾਰਚ, 2024

ਨੰ: WSSD-BR203/1/2024-3BR2/1/811149/2024.-ਸ਼੍ਰੀ ਯਾਦਵਿੰਦਰ ਸਿੰਘ, ਕਾਰਜਕਾਰੀ ਇੰਜੀਨੀਅਰ, ਜਲ ਸਪਲਾਈ ਅਤੇ ਸੈਨੀਟੇਸ਼ਨ ਮੰਡਲ ਨੰ.2, ਤਰਨ ਤਾਰਨ ਦੀ 60 ਸਾਲ ਦੀ ਉਮਰ ਪੂਰੀ ਹੋਣ ਤੇ ਅਧਿਕਾਰੀ ਨੂੰ ਪੰਜਾਬ ਸਿਵਲ ਸੇਵਾਵਾਂ ਨਿਯਮਾਂਵਲੀ, ਜਿਲਦ-1, ਭਾਗ-1 ਦੇ ਨਿਯਮ 3.27 ਅਧੀਨ ਮਿਤੀ 31.03.2024 ਤੋਂ ਸਰਕਾਰੀ ਸੇਵਾ ਤੋਂ ਸੇਵਾ ਨਿਵਿਰਤ ਕੀਤਾ ਜਾਂਦਾ ਹੈ।

2. ਅਧਿਕਾਰੀ ਵਿਰੁੱਧ ਜੇਕਰ ਕੋਈ ਕ੍ਰਿਮੀਨਲ, ਸਿਵਲ ਕੇਸ, ਵਿਜੀਲੈਂਸ ਕੇਸ ਜਾਂ ਅਨੁਸ਼ਾਸਨੀ ਕਾਰਵਾਈ ਦਾ ਕੇਸ ਚਲਦਾ ਹੋਵੇ ਜਾਂ ਅਜਿਹਾ ਕੋਈ ਨਵਾਂ ਮਾਮਲਾ ਧਿਆਨ ਵਿੱਚ ਆਉਂਦਾ ਹੈ ਤਾਂ ਸਰਕਾਰ ਦੁਆਰਾ ਇਨ੍ਹਾਂ ਹੁਕਮਾਂ ਨੂੰ ਮੁੜ ਵਿਚਾਰਿਆ ਜਾ ਸਕਦਾ ਹੈ ਜਾਂ ਅਧਿਕਾਰੀ ਵਿਰੁੱਧ ਪੰਜਾਬ ਸਿਵਲ ਸੇਵਾਵਾਂ ਨਿਯਮਾਂਵਲੀ ਭਾਗ-2 ਦੇ ਨਿਯਮ 2.2 ਅਧੀਨ ਕਾਰਵਾਈ ਕੀਤੀ ਜਾ ਸਕਦੀ ਹੈ।

3. ਇਨ੍ਹਾਂ ਹੁਕਮਾਂ ਉਪਰੰਤ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਡਲ ਨੰ.2, ਤਰਨ ਤਾਰਨ ਦੀ ਖਾਲੀ ਹੋਣ ਵਾਲੀ ਆਸਾਮੀ ਦਾ ਚਾਰਜ ਵਾਧੂ ਤੌਰ ਤੇ ਬਿਨ੍ਹਾਂ ਕਿਸੇ ਵਿੱਤ ਲਾਭ ਦੇ ਸ਼੍ਰੀ ਰਜਤ ਗੋਪਾਲ, ਕਾਰਜਕਾਰੀ ਇੰਜੀਨੀਅਰ, ਮੰਡਲ ਨੰ.1, ਤਰਨ ਤਾਰਨ ਨੂੰ ਦਿੱਤਾ ਜਾਂਦਾ ਹੈ।

4. ਇਹ ਹੁਕਮ ਸਮਰੱਥ ਅਥਾਰਟੀ ਦੀ ਪ੍ਰਵਾਨਗੀ ਉਪਰੰਤ ਜਾਰੀ ਕੀਤੇ ਜਾਂਦੇ ਹਨ।

ਅਮਿਤ ਤਲਵਾੜ, ਆਈ.ਏ.ਐਸ.
ਵਿਸ਼ੇਸ ਸਕੱਤਰ, ਪੰਜਾਬ ਸਰਕਾਰ,
ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ।

ਚੰਡੀਗੜ੍ਹ
ਮਿਤੀ 19 ਮਾਰਚ, 2024

3477/8-2025/Pb. Govt. Press, S.A.S. Nagar